

# Anand Sahib

by Guru Amardas

WWW.SIKHROOTS.COM

## ਰਾਮਕਲੀ ਮਹਲਾ ੩ ਅਨੰਦੁ
## ੴ ਸਤਿਗੁਰ ਪ੍ਰਸਾਦਿ ॥

ਅਨੰਦੁ ਭਇਆ ਮੇਰੀ ਮਾਏ ਸਤਿਗੁਰੂ ਮੈ ਪਾਇਆ ॥ ਸਤਿਗੁਰੁ ਤ ਪਾਇਆ ਸਹਜ ਸੇਤੀ ਮਨਿ ਵਜੀਆ ਵਾਧਾਈਆ ॥ ਰਾਗ ਰਤਨ ਪਰਵਾਰ ਪਰੀਆ ਸਬਦ ਗਾਵਣ ਆਈਆ ॥ਸਬਦੋ ਤ ਗਾਵਹੁ ਹਰੀ ਕੇਰਾ ਮਨਿ ਜਿਨੀ ਵਸਾਇਆ ॥ ਕਹੈ ਨਾਨਕੁ ਅਨੰਦੁ ਹੋਆ ਸਤਿਗੁਰੂ ਮੈ ਪਾਇਆ ॥੧॥

ਏ ਮਨ ਮੇਰਿਆ ਤੂ ਸਦਾ ਰਹੁ ਹਰਿ ਨਾਲੇ ॥ ਹਰਿ ਨਾਲਿ ਰਹੁ ਤੂ ਮੰਨ ਮੇਰੇ ਦੂਖ ਸਭਿ ਵਿਸਾਰਣਾ ॥

ਅੰਗੀਕਾਰੁ ਓਹੁ ਕਰੇ ਤੇਰਾ ਕਾਰਜ ਸਭਿ ਸਵਾਰਣਾ ॥ ਸਭਨਾ ਗਲਾ ਸਮਰਥੁ ਸੁਆਮੀ ਸੋ ਕਿਉ ਮਨਹੁ ਵਿਸਾਰੇ ॥ ਕਹੈ ਨਾਨਕੁ ਮੰਨ ਮੇਰੇ ਸਦਾ ਰਹੁ ਹਰਿ ਨਾਲੇ ॥੨॥

ਸਾਚੇ ਸਾਹਿਬਾ ਕਿਆ ਨਾਹੀ ਘਰਿ ਤੇਰੈ ॥ ਘਰਿ ਤ ਤੇਰੈ ਸਭੁ ਕਿਛੁ ਹੈ ਜਿਸੁ ਦੇਹਿ ਸੁ ਪਾਵਏ ॥ ਸਦਾ ਸਿਫਤਿ ਸਲਾਹ ਤੇਰੀ ਨਾਮੁ ਮਨਿ ਵਸਾਵਏ ॥ ਨਾਮੁ ਜਿਨ ਕੈ ਮਨਿ ਵਸਿਆ ਵਾਜੇ ਸਬਦ ਘਨੇਰੇ ॥ ਕਹੈ ਨਾਨਕੁ ਸਚੇ ਸਾਹਿਬ ਕਿਆ ਨਾਹੀ ਘਰਿ ਤੇਰੈ ॥੩॥

ਸਾਚਾ ਨਾਮੁ ਮੇਰਾ ਆਧਾਰੋ ॥ ਸਾਚੁ ਨਾਮੁ ਅਧਾਰੁ ਮੇਰਾ ਜਿਨਿ ਭੁਖਾ ਸਭਿ ਗਵਾਈਆ ॥

ਕਰਿ ਸਾਂਤਿ ਸੁਖ ਮਨਿ ਆਇ ਵਸਿਆ
ਜਿਨਿ ਇਛਾ ਸਭਿ ਪੁਜਾਈਆ ॥ ਸਦਾ
ਕੁਰਬਾਣੁ ਕੀਤਾ ਗੁਰੂ ਵਿਟਹੁ ਜਿਸ ਦੀਆ
ਏਹਿ ਵਡਿਆਈਆ ॥ ਕਹੈ ਨਾਨਕੁ ਸੁਣਹੁ
ਸੰਤਹੁ ਸਬਦਿ ਧਰਹੁ ਪਿਆਰੋ ॥ ਸਾਚਾ ਨਾਮੁ
ਮੇਰਾ ਆਧਾਰੋ ॥੪॥

ਵਾਜੇ ਪੰਚ ਸਬਦ ਤਿਤੁ ਘਰਿ ਸਭਾਗੈ ॥
ਘਰਿ ਸਭਾਗੈ ਸਬਦ ਵਾਜੇ ਕਲਾ ਜਿਤੁ ਘਰਿ
ਧਾਰੀਆ ॥ ਪੰਚ ਦੂਤ ਤੁਧੁ ਵਸਿ ਕੀਤੇ ਕਾਲੁ
ਕੰਟਕੁ ਮਾਰਿਆ ॥ ਧੁਰਿ ਕਰਮਿ ਪਾਇਆ
ਤੁਧੁ ਜਿਨ ਕਉ ਸਿ ਨਾਮਿ ਹਰਿ ਕੈ ਲਾਗੇ
॥ ਕਹੈ ਨਾਨਕੁ ਤਹ ਸੁਖੁ ਹੋਆ ਤਿਤੁ ਘਰਿ
ਅਨਹਦ ਵਾਜੇ ॥੫॥

ਸਾਚੀ ਲਿਵੈ ਬਿਨੁ ਦੇਹ ਨਿਮਾਣੀ ॥
ਦੇਹ ਨਿਮਾਣੀ ਲਿਵੈ ਬਾਝਹੁ ਕਿਆ ਕਰੇ ਵੇਚਾਰੀਆ ॥ ਤੁਧੁ ਬਾਝੁ ਸਮਰਥ ਕੋਇ ਨਾਹੀ ਕ੍ਰਿਪਾ ਕਰਿ ਬਨਵਾਰੀਆ ॥ ਏਸ ਨਉ ਹੋਰੁ ਥਾਉ ਨਾਹੀ ਸਬਦਿ ਲਾਗਿ ਸਵਾਰੀਆ ॥ ਕਹੈ ਨਾਨਕੁ ਲਿਵੈ ਬਾਝਹੁ ਕਿਆ ਕਰੇ ਵੇਚਾਰੀਆ ॥੬॥

ਆਨੰਦੁ ਆਨੰਦੁ ਸਭੁ ਕੋ ਕਹੈ ਆਨੰਦੁ ਗੁਰੂ ਤੇ ਜਾਣਿਆ ॥ ਜਾਣਿਆ ਆਨੰਦੁ ਸਦਾ ਗੁਰ ਤੇ ਕ੍ਰਿਪਾ ਕਰੇ ਪਿਆਰਿਆ ॥ ਕਰਿ ਕਿਰਪਾ ਕਿਲਵਿਖ ਕਟੇ ਗਿਆਨ ਅੰਜਨੁ ਸਾਰਿਆ ॥ ਅੰਦਰਹੁ ਜਿਨ ਕਾ ਮੋਹੁ ਤੁਟਾ ਤਿਨ ਕਾ ਸਬਦੁ ਸਚੈ ਸਵਾਰਿਆ ॥ ਕਹੈ ਨਾਨਕੁ ਏਹੁ ਅਨੰਦੁ ਹੈ ਆਨੰਦੁ ਗੁਰ ਤੇ ਜਾਣਿਆ ॥੭॥

ਬਾਬਾ ਜਿਸੁ ਤੂ ਦੇਹਿ ਸੋਈ ਜਨੁ ਪਾਵੈ ॥
ਪਾਵੈ ਤ ਸੋ ਜਨੁ ਦੇਹਿ ਜਿਸ ਨੋ ਹੋਰਿ ਕਿਆ
ਕਰਹਿ ਵੇਚਾਰਿਆ ॥ ਇਕਿ ਭਰਮਿ
ਭੂਲੇ ਫਿਰਹਿ ਦਹ ਦਿਸਿ ਇਕਿ ਨਾਮਿ
ਲਾਗਿ ਸਵਾਰਿਆ ॥ ਗੁਰ ਪਰਸਾਦੀ ਮਨੁ
ਭਇਆ ਨਿਰਮਲੁ ਜਿਨਾ ਭਾਣਾ ਭਾਵਏ ॥
ਕਹੈ ਨਾਨਕੁ ਜਿਸੁ ਦੇਹਿ ਪਿਆਰੇ ਸੋਈ ਜਨੁ
ਪਾਵਏ ॥੮॥

ਆਵਹੁ ਸੰਤ ਪਿਆਰਿਹੋ ਅਕਥ ਕੀ ਕਰਹ
ਕਹਾਣੀ ॥ ਕਰਹ ਕਹਾਣੀ ਅਕਥ ਕੇਰੀ
ਕਿਤੁ ਦੁਆਰੈ ਪਾਈਐ ॥ ਤਨੁ ਮਨੁ ਧਨੁ
ਸਭੁ ਸਉਪਿ ਗੁਰ ਕਉ ਹੁਕਮਿ ਮੰਨਿਐ
ਪਾਈਐ ॥ ਹੁਕਮੁ ਮੰਨਿਹੁ ਗੁਰੂ ਕੇਰਾ ਗਾਵਹੁ
ਸਚੀ ਬਾਣੀ ॥

ਕਹੈ ਨਾਨਕੁ ਸੁਣਹੁ ਸੰਤਹੁ ਕਥਿਹੁ ਅਕਥ ਕਹਾਣੀ ॥੯॥

ਏ ਮਨ ਚੰਚਲਾ ਚਤੁਰਾਈ ਕਿਨੈ ਨ ਪਾਇਆ ॥ ਚਤੁਰਾਈ ਨ ਪਾਇਆ ਕਿਨੈ ਤੂ ਸੁਣਿ ਮੰਨ ਮੇਰਿਆ ॥ ਏਹ ਮਾਇਆ ਮੋਹਣੀ ਜਿਨਿ ਏਤੁ ਭਰਮਿ ਭੁਲਾਇਆ ॥ ਮਾਇਆ ਤ ਮੋਹਣੀ ਤਿਨੈ ਕੀਤੀ ਜਿਨਿ ਠਗਉਲੀ ਪਾਈਆ ॥ ਕੁਰਬਾਣੁ ਕੀਤਾ ਤਿਸੈ ਵਿਟਹੁ ਜਿਨਿ ਮੋਹੁ ਮੀਠਾ ਲਾਇਆ ॥ ਕਹੈ ਨਾਨਕੁ ਮਨ ਚੰਚਲ ਚਤੁਰਾਈ ਕਿਨੈ ਨ ਪਾਇਆ ॥੧੦॥

ਏ ਮਨ ਪਿਆਰਿਆ ਤੂ ਸਦਾ ਸਚੁ ਸਮਾਲੇ ॥

ਏਹੁ ਕੁਟੰਬੁ ਤੂ ਜਿ ਦੇਖਦਾ ਚਲੈ ਨਾਹੀ ਤੇਰੈ ਨਾਲੇ ॥ ਸਾਥਿ ਤੇਰੈ ਚਲੈ ਨਾਹੀ ਤਿਸੁ ਨਾਲਿ ਕਿਉ ਚਿਤੁ ਲਾਈਐ ॥ ਐਸਾ ਕੰਮੁ ਮੂਲੇ ਨ ਕੀਚੈ ਜਿਤੁ ਅੰਤਿ ਪਛੋਤਾਈਐ ॥ ਸਤਿਗੁਰੂ ਕਾ ਉਪਦੇਸੁ ਸੁਣਿ ਤੂ ਹੋਵੈ ਤੇਰੈ ਨਾਲੇ ॥ ਕਹੈ ਨਾਨਕੁ ਮਨ ਪਿਆਰੇ ਤੂ ਸਦਾ ਸਚੁ ਸਮਾਲੇ ॥੧੧॥

ਅਗਮ ਅਗੋਚਰਾ ਤੇਰਾ ਅੰਤੁ ਨ ਪਾਇਆ ॥ ਅੰਤੋ ਨ ਪਾਇਆ ਕਿਨੈ ਤੇਰਾ ਆਪਣਾ ਆਪੁ ਤੂ ਜਾਣਹੇ ॥ ਜੀਅ ਜੰਤ ਸਭਿ ਖੇਲੁ ਤੇਰਾ ਕਿਆ ਕੋ ਆਖਿ ਵਖਾਣਏ ॥ ਆਖਹਿ ਤ ਵੇਖਹਿ ਸਭੁ ਤੂਹੈ ਜਿਨਿ ਜਗਤੁ ਉਪਾਇਆ ॥ ਕਹੈ ਨਾਨਕੁ ਤੂ ਸਦਾ ਅਗੰਮੁ ਹੈ ਤੇਰਾ ਅੰਤੁ ਨ ਪਾਇਆ ॥੧੨॥

ਸੁਰਿ ਨਰ ਮੁਨਿ ਜਨ ਅੰਮ੍ਰਿਤੁ ਖੋਜਦੇ ਸੁ
ਅੰਮ੍ਰਿਤੁ ਗੁਰ ਤੇ ਪਾਇਆ ॥ ਪਾਇਆ
ਅੰਮ੍ਰਿਤੁ ਗੁਰਿ ਕ੍ਰਿਪਾ ਕੀਨੀ ਸਚਾ ਮਨਿ
ਵਸਾਇਆ ॥ ਜੀਅ ਜੰਤ ਸਭਿ ਤੁਧੁ ਉਪਾਏ
ਇਕਿ ਵੇਖਿ ਪਰਸਣਿ ਆਇਆ ॥ਲਬੁ ਲੋਭੁ
ਅਹੰਕਾਰੁ ਚੂਕਾ ਸਤਿਗੁਰੂ ਭਲਾ ਭਾਇਆ ॥
ਕਹੈ ਨਾਨਕੁ ਜਿਸ ਨੋ ਆਪਿ ਤੁਠਾ ਤਿਨਿ
ਅੰਮ੍ਰਿਤੁ ਗੁਰ ਤੇ ਪਾਇਆ ॥੧੩॥

ਭਗਤਾ ਕੀ ਚਾਲ ਨਿਰਾਲੀ ॥ ਚਾਲਾ
ਨਿਰਾਲੀ ਭਗਤਾਹ ਕੇਰੀ ਬਿਖਮ ਮਾਰਗਿ
ਚਲਣਾ ॥ ਲਬੁ ਲੋਭੁ ਅਹੰਕਾਰੁ ਤਜਿ ਤ੍ਰਿਸਨਾ
ਬਹੁਤੁ ਨਾਹੀ ਬੋਲਣਾ ॥ ਖੰਨਿਅਹੁ ਤਿਖੀ
ਵਾਲਹੁ ਨਿਕੀ ਏਤੁ ਮਾਰਗਿ ਜਾਣਾ ॥
ਗੁਰ ਪਰਸਾਦੀ ਜਿਨੀ ਆਪੁ ਤਜਿਆ ਹਰਿ

ਵਾਸਨਾ ਸਮਾਣੀ ॥ ਕਹੈ ਨਾਨਕੁ ਚਾਲ
ਭਗਤਾ ਜੁਗਹੁ ਜੁਗੁ ਨਿਰਾਲੀ ॥੧੪॥

ਜਿਉ ਤੂ ਚਲਾਇਹਿ ਤਿਵ ਚਲਹ ਸੁਆਮੀ
ਹੋਰੁ ਕਿਆ ਜਾਣਾ ਗੁਣ ਤੇਰੇ ॥ ਜਿਵ ਤੂ
ਚਲਾਇਹਿ ਤਿਵੈ ਚਲਹ ਜਿਨਾ ਮਾਰਗਿ
ਪਾਵਹੇ ॥ ਕਰਿ ਕਿਰਪਾ ਜਿਨ ਨਾਮਿ
ਲਾਇਹਿ ਸਿ ਹਰਿ ਹਰਿ ਸਦਾ ਧਿਆਵਹੇ ॥
ਜਿਸ ਨੋ ਕਥਾ ਸੁਣਾਇਹਿ ਆਪਣੀ ਸਿ
ਗੁਰਦੁਆਰੈ ਸੁਖੁ ਪਾਵਹੇ ॥ ਕਹੈ ਨਾਨਕੁ ਸਚੇ
ਸਾਹਿਬ ਜਿਉ ਭਾਵੈ ਤਿਵੈ ਚਲਾਵਹੇ ॥੧੫॥

ਏਹੁ ਸੋਹਿਲਾ ਸਬਦੁ ਸੁਹਾਵਾ ॥ ਸਬਦੋ
ਸੁਹਾਵਾ ਸਦਾ ਸੋਹਿਲਾ ਸਤਿਗੁਰੂ ਸੁਣਾਇਆ ॥

ਏਹੁ ਤਿਨ ਕੈ ਮੰਨਿ ਵਸਿਆ ਜਿਨ ਧੁਰਹੁ ਲਿਖਿਆ ਆਇਆ ॥ ਇਕਿ ਫਿਰਹਿ ਘਨੇਰੇ ਕਰਹਿ ਗਲਾ ਗਲੀ ਕਿਨੈ ਨ ਪਾਇਆ ॥ ਕਹੈ ਨਾਨਕੁ ਸਬਦੁ ਸੋਹਿਲਾ ਸਤਿਗੁਰੂ ਸੁਣਾਇਆ ॥੧੬॥

ਪਵਿਤੁ ਹੋਏ ਸੇ ਜਨਾ ਜਿਨੀ ਹਰਿ ਧਿਆਇਆ ॥ ਹਰਿ ਧਿਆਇਆ ਪਵਿਤੁ ਹੋਏ ਗੁਰਮੁਖਿ ਜਿਨੀ ਧਿਆਇਆ ॥ ਪਵਿਤੁ ਮਾਤਾ ਪਿਤਾ ਕੁਟੰਬ ਸਹਿਤ ਸਿਉ ਪਵਿਤੁ ਸੰਗਤਿ ਸਬਾਈਆ ॥ ਕਹਦੇ ਪਵਿਤੁ ਸੁਣਦੇ ਪਵਿਤੁ ਸੇ ਪਵਿਤੁ ਜਿਨੀ ਮੰਨਿ ਵਸਾਇਆ ॥ ਕਹੈ ਨਾਨਕੁ ਸੇ ਪਵਿਤੁ ਜਿਨੀ ਗੁਰਮੁਖਿ ਹਰਿ ਹਰਿ ਧਿਆਇਆ ॥੧੭॥

ਕਰਮੀ ਸਹਜੁ ਨ ਊਪਜੈ ਵਿਣੁ ਸਹਜੈ ਸਹਸਾ ਨ ਜਾਇ ॥ ਨਹ ਜਾਇ ਸਹਸਾ ਕਿਤੈ ਸੰਜਮਿ ਰਹੇ ਕਰਮ ਕਮਾਏ ॥ ਸਹਸੈ ਜੀਉ ਮਲੀਣੁ ਹੈ ਕਿਤੁ ਸੰਜਮਿ ਧੋਤਾ ਜਾਏ ॥ ਮੰਨੁ ਧੋਵਹੁ ਸਬਦਿ ਲਾਗਹੁ ਹਰਿ ਸਿਉ ਰਹਹੁ ਚਿਤੁ ਲਾਇ ॥ ਕਹੈ ਨਾਨਕੁ ਗੁਰ ਪਰਸਾਦੀ ਸਹਜੁ ਉਪਜੈ ਇਹੁ ਸਹਸਾ ਇਵ ਜਾਇ ॥੧੮॥

ਜੀਅਹੁ ਮੈਲੇ ਬਾਹਰਹੁ ਨਿਰਮਲ ॥ ਬਾਹਰਹੁ ਨਿਰਮਲ ਜੀਅਹੁ ਤ ਮੈਲੇ ਤਿਨੀ ਜਨਮੁ ਜੂਐ ਹਾਰਿਆ ॥ ਏਹ ਤਿਸਨਾ ਵਡਾ ਰੋਗੁ ਲਗਾ ਮਰਣੁ ਮਨਹੁ ਵਿਸਾਰਿਆ ॥ ਵੇਦਾ ਮਹਿ ਨਾਮੁ ਉਤਮੁ ਸੋ ਸੁਣਹਿ ਨਾਹੀ ਫਿਰਹਿ ਜਿਉ ਬੇਤਾਲਿਆ ॥

ਕਹੈ ਨਾਨਕੁ ਜਿਨ ਸਚੁ ਤਜਿਆ ਕੂੜੇ ਲਾਗੇ ਤਿਨੀ ਜਨਮੁ ਜੂਐ ਹਾਰਿਆ ॥੧੯॥

ਜੀਅਹੁ ਨਿਰਮਲ ਬਾਹਰਹੁ ਨਿਰਮਲ ॥ ਬਾਹਰਹੁ ਤ ਨਿਰਮਲ ਜੀਅਹੁ ਨਿਰਮਲ ਸਤਿਗੁਰ ਤੇ ਕਰਣੀ ਕਮਾਣੀ ॥ ਕੂੜ ਕੀ ਸੋਇ ਪਹੁਚੈ ਨਾਹੀ ਮਨਸਾ ਸਚਿ ਸਮਾਣੀ ॥ ਜਨਮੁ ਰਤਨੁ ਜਿਨੀ ਖਟਿਆ ਭਲੇ ਸੇ ਵਣਜਾਰੇ ॥ ਕਹੈ ਨਾਨਕੁ ਜਿਨ ਮੰਨੁ ਨਿਰਮਲੁ ਸਦਾ ਰਹਹਿ ਗੁਰ ਨਾਲੇ ॥੨੦॥

ਜੇ ਕੋ ਸਿਖੁ ਗੁਰੂ ਸੇਤੀ ਸਨਮੁਖੁ ਹੋਵੈ ॥ ਹੋਵੈ ਤ ਸਨਮੁਖੁ ਸਿਖੁ ਕੋਈ ਜੀਅਹੁ ਰਹੈ ਗੁਰ ਨਾਲੇ ॥ ਗੁਰ ਕੇ ਚਰਨ ਹਿਰਦੈ ਧਿਆਏ ਅੰਤਰ ਆਤਮੈ ਸਮਾਲੇ ॥

ਆਪੁ ਛਡਿ ਸਦਾ ਰਹੈ ਪਰਣੈ ਗੁਰ ਬਿਨੁ
ਅਵਰੁ ਨ ਜਾਣੈ ਕੋਏ ॥ ਕਹੈ ਨਾਨਕੁ ਸੁਣਹੁ
ਸੰਤਹੁ ਸੋ ਸਿਖੁ ਸਨਮੁਖੁ ਹੋਏ ॥੨੧॥

ਜੇ ਕੋ ਗੁਰ ਤੇ ਵੇਮੁਖੁ ਹੋਵੈ ਬਿਨੁ ਸਤਿਗੁਰ
ਮੁਕਤਿ ਨ ਪਾਵੈ ॥ ਪਾਵੈ ਮੁਕਤਿ ਨ ਹੋਰ ਥੈ
ਕੋਈ ਪੁਛਹੁ ਬਿਬੇਕੀਆ ਜਾਏ ॥ ਅਨੇਕ
ਜੂਨੀ ਭਰਮਿ ਆਵੈ ਵਿਣੁ ਸਤਿਗੁਰ ਮੁਕਤਿ
ਨ ਪਾਏ ॥ ਫਿਰਿ ਮੁਕਤਿ ਪਾਏ ਲਾਗਿ
ਚਰਣੀ ਸਤਿਗੁਰੂ ਸਬਦੁ ਸੁਣਾਏ ॥ ਕਹੈ
ਨਾਨਕੁ ਵੀਚਾਰਿ ਦੇਖਹੁ ਵਿਣੁ ਸਤਿਗੁਰ
ਮੁਕਤਿ ਨ ਪਾਏ ॥੨੨॥

ਆਵਹੁ ਸਿਖ ਸਤਿਗੁਰੂ ਕੇ ਪਿਆਰਿਹੋ
ਗਾਵਹੁ ਸਚੀ ਬਾਣੀ ॥

ਬਾਣੀ ਤ ਗਾਵਹੁ ਗੁਰੂ ਕੇਰੀ ਬਾਣੀਆ ਸਿਰਿ ਬਾਣੀ ॥ ਜਿਨ ਕਉ ਨਦਰਿ ਕਰਮੁ ਹੋਵੈ ਹਿਰਦੈ ਤਿਨਾ ਸਮਾਣੀ ॥ ਪੀਵਹੁ ਅੰਮ੍ਰਿਤੁ ਸਦਾ ਰਹਹੁ ਹਰਿ ਰੰਗਿ ਜਪਿਹੁ ਸਾਰਿਗਪਾਣੀ ॥ ਕਹੈ ਨਾਨਕੁ ਸਦਾ ਗਾਵਹੁ ਏਹ ਸਚੀ ਬਾਣੀ ॥੨੩॥

ਸਤਿਗੁਰੂ ਬਿਨਾ ਹੋਰ ਕਚੀ ਹੈ ਬਾਣੀ ॥ ਬਾਣੀ ਤ ਕਚੀ ਸਤਿਗੁਰੂ ਬਾਝਹੁ ਹੋਰ ਕਚੀ ਬਾਣੀ ॥ ਕਹਦੇ ਕਚੇ ਸੁਣਦੇ ਕਚੇ ਕਚੀਂ ਆਖਿ ਵਖਾਣੀ ॥ ਹਰਿ ਹਰਿ ਨਿਤ ਕਰਹਿ ਰਸਨਾ ਕਹਿਆ ਕਛੂ ਨ ਜਾਣੀ ॥ ਚਿਤੁ ਜਿਨ ਕਾ ਹਿਰਿ ਲਇਆ ਮਾਇਆ ਬੋਲਨਿ ਪਏ ਰਵਾਣੀ ॥ ਕਹੈ ਨਾਨਕੁ ਸਤਿਗੁਰੂ ਬਾਝਹੁ ਹੋਰ ਕਚੀ ਬਾਣੀ ॥੨੪॥

ਗੁਰ ਕਾ ਸਬਦੁ ਰਤੰਨੁ ਹੈ ਹੀਰੇ ਜਿਤੁ ਜੜਾਉ॥
ਸਬਦੁ ਰਤਨੁ ਜਿਤੁ ਮੰਨੁ ਲਾਗਾ ਏਹੁ ਹੋਆ
ਸਮਾਉ ॥ ਸਬਦ ਸੇਤੀ ਮਨੁ ਮਿਲਿਆ ਸਚੈ
ਲਾਇਆ ਭਾਉ ॥ ਆਪੇ ਹੀਰਾ ਰਤਨੁ ਆਪੇ
ਜਿਸ ਨੋ ਦੇਇ ਬੁਝਾਇ ॥ ਕਹੈ ਨਾਨਕੁ
ਸਬਦੁ ਰਤਨੁ ਹੈ ਹੀਰਾ ਜਿਤੁ ਜੜਾਉ ॥੨੫॥

ਸਿਵ ਸਕਤਿ ਆਪਿ ਉਪਾਇ ਕੈ ਕਰਤਾ
ਆਪੇ ਹੁਕਮੁ ਵਰਤਾਏ ॥ ਹੁਕਮੁ ਵਰਤਾਏ
ਆਪਿ ਵੇਖੈ ਗੁਰਮੁਖਿ ਕਿਸੈ ਬੁਝਾਏ ॥ ਤੋੜੇ
ਬੰਧਨ ਹੋਵੈ ਮੁਕਤੁ ਸਬਦੁ ਮੰਨਿ ਵਸਾਏ ॥
ਗੁਰਮੁਖਿ ਜਿਸ ਨੋ ਆਪਿ ਕਰੇ ਸੁ ਹੋਵੈ ਏਕਸ
ਸਿਉ ਲਿਵ ਲਾਏ ॥ ਕਹੈ ਨਾਨਕੁ ਆਪਿ
ਕਰਤਾ ਆਪੇ ਹੁਕਮੁ ਬੁਝਾਏ ॥੨੬॥

ਸਿਮ੍ਰਿਤਿ ਸਾਸਤ੍ ਪੁੰਨ ਪਾਪ ਬੀਚਾਰਦੇ ਤਤੈ ਸਾਰ ਨ ਜਾਣੀ ॥ ਤਤੈ ਸਾਰ ਨ ਜਾਣੀ ਗੁਰੂ ਬਾਝਹੁ ਤਤੈ ਸਾਰ ਨ ਜਾਣੀ ॥ ਤਿਹੀ ਗੁਣੀ ਸੰਸਾਰੁ ਭ੍ਰਮਿ ਸੁਤਾ ਸੁਤਿਆ ਰੈਣਿ ਵਿਹਾਣੀ ॥ ਗੁਰ ਕਿਰਪਾ ਤੇ ਸੇ ਜਨ ਜਾਗੇ ਜਿਨਾ ਹਰਿ ਮਨਿ ਵਸਿਆ ਬੋਲਹਿ ਅੰਮ੍ਰਿਤ ਬਾਣੀ ॥ ਕਹੈ ਨਾਨਕੁ ਸੋ ਤਤੁ ਪਾਏ ਜਿਸ ਨੋ ਅਨਦਿਨੁ ਹਰਿ ਲਿਵ ਲਾਗੈ ਜਾਗਤ ਰੈਣਿ ਵਿਹਾਣੀ ॥੨੭॥

ਮਾਤਾ ਕੇ ਉਦਰ ਮਹਿ ਪ੍ਰਤਿਪਾਲ ਕਰੇ ਸੋ ਕਿਉ ਮਨਹੁ ਵਿਸਾਰੀਐ ॥ ਮਨਹੁ ਕਿਉ ਵਿਸਾਰੀਐ ਏਵਡੁ ਦਾਤਾ ਜਿ ਅਗਨਿ ਮਹਿ ਆਹਾਰੁ ਪਹੁਚਾਵਏ ॥ ਓਸ ਨੋ ਕਿਹੁ ਪੋਹਿ ਨ ਸਕੀ ਜਿਸ ਨਉ ਆਪਣੀ ਲਿਵ ਲਾਵਏ ॥

ਆਪਣੀ ਲਿਵ ਆਪੇ ਲਾਏ ਗੁਰਮੁਖਿ ਸਦਾ ਸਮਾਲੀਐ ॥ ਕਹੈ ਨਾਨਕੁ ਏਵਡੁ ਦਾਤਾ ਸੋ ਕਿਉ ਮਨਹੁ ਵਿਸਾਰੀਐ ॥੨੮॥

ਜੈਸੀ ਅਗਨਿ ਉਦਰ ਮਹਿ ਤੈਸੀ ਬਾਹਰਿ ਮਾਇਆ ॥ ਮਾਇਆ ਅਗਨਿ ਸਭ ਇਕੋ ਜੇਹੀ ਕਰਤੈ ਖੇਲੁ ਰਚਾਇਆ ॥ ਜਾ ਤਿਸੁ ਭਾਣਾ ਤਾ ਜੰਮਿਆ ਪਰਵਾਰਿ ਭਲਾ ਭਾਇਆ॥ ਲਿਵ ਛੁੜਕੀ ਲਗੀ ਤ੍ਰਿਸਨਾ ਮਾਇਆ ਅਮਰੁ ਵਰਤਾਇਆ ॥ ਏਹ ਮਾਇਆ ਜਿਤੁ ਹਰਿ ਵਿਸਰੈ ਮੋਹੁ ਉਪਜੈ ਭਾਉ ਦੂਜਾ ਲਾਇਆ ॥ ਕਹੈ ਨਾਨਕੁ ਗੁਰ ਪਰਸਾਦੀ ਜਿਨਾ ਲਿਵ ਲਾਗੀ ਤਿਨੀ ਵਿਚੇ ਮਾਇਆ ਪਾਇਆ ॥੨੯॥

ਹਰਿ ਆਪਿ ਅਮੁਲਕੁ ਹੈ ਮੁਲਿ ਨ ਪਾਇਆ ਜਾਇ ॥ ਮੁਲਿ ਨ ਪਾਇਆ ਜਾਇ ਕਿਸੈ ਵਿਟਹੁ ਰਹੇ ਲੋਕ ਵਿਲਲਾਇ ॥ ਐਸਾ ਸਤਿਗੁਰੁ ਜੇ ਮਿਲੈ ਤਿਸ ਨੋ ਸਿਰੁ ਸਉਪੀਐ ਵਿਚਹੁ ਆਪੁ ਜਾਇ ॥ ਜਿਸ ਦਾ
ਜੀਉ ਤਿਸੁ ਮਿਲਿ ਰਹੈ ਹਰਿ ਵਸੈ ਮਨਿ ਆਇ ॥ ਹਰਿ ਆਪਿ ਅਮੁਲਕੁ ਹੈ ਭਾਗ ਤਿਨਾ ਕੇ ਨਾਨਕਾ ਜਿਨ ਹਰਿ ਪਲੈ ਪਾਇ ॥੩੦॥

ਹਰਿ ਰਾਸਿ ਮੇਰੀ ਮਨੁ ਵਣਜਾਰਾ ॥ ਹਰਿ ਰਾਸਿ ਮੇਰੀ ਮਨੁ ਵਣਜਾਰਾ ਸਤਿਗੁਰ ਤੇ ਰਾਸਿ ਜਾਣੀ ॥ ਹਰਿ ਹਰਿ ਨਿਤ ਜਪਿਹੁ ਜੀਅਹੁ ਲਾਹਾ ਖਟਿਹੁ ਦਿਹਾੜੀ ॥ ਏਹੁ ਧਨੁ ਤਿਨਾ ਮਿਲਿਆ ਜਿਨ ਹਰਿ ਆਪੇ ਭਾਣਾ ॥

ਕਹੈ ਨਾਨਕੁ ਹਰਿ ਰਾਸਿ ਮੇਰੀ ਮਨੁ ਹੋਆ ਵਣਜਾਰਾ ॥੩੧॥

ਏ ਰਸਨਾ ਤੂ ਅਨ ਰਸਿ ਰਾਚਿ ਰਹੀ ਤੇਰੀ ਪਿਆਸ ਨ ਜਾਇ ॥ ਪਿਆਸ ਨ ਜਾਇ ਹੋਰਤੁ ਕਿਤੈ ਜਿਚਰੁ ਹਰਿ ਰਸੁ ਪਲੈ ਨ ਪਾਇ ॥ ਹਰਿ ਰਸੁ ਪਾਇ ਪਲੈ ਪੀਐ ਹਰਿ ਰਸੁ ਬਹੁੜਿ ਨ ਤ੍ਰਿਸਨਾ ਲਾਗੈ ਆਇ ॥ ਏਹੁ ਹਰਿ ਰਸੁ ਕਰਮੀ ਪਾਈਐ ਸਤਿਗੁਰੁ ਮਿਲੈ ਜਿਸੁ ਆਇ ॥ ਕਹੈ ਨਾਨਕੁ ਹੋਰਿ ਅਨ ਰਸ ਸਭਿ ਵੀਸਰੇ ਜਾ ਹਰਿ ਵਸੈ ਮਨਿ ਆਇ ॥੩੨॥

ਏ ਸਰੀਰਾ ਮੇਰਿਆ ਹਰਿ ਤੁਮ ਮਹਿ ਜੋਤਿ ਰਖੀ ਤਾ ਤੂ ਜਗ ਮਹਿ ਆਇਆ ॥

ਹਰਿ ਜੋਤਿ ਰਖੀ ਤੁਧੁ ਵਿਚਿ ਤਾ ਤੂ ਜਗ ਮਹਿ ਆਇਆ ॥ ਹਰਿ ਆਪੇ ਮਾਤਾ ਆਪੇ ਪਿਤਾ ਜਿਨਿ ਜੀਉ ਉਪਾਇ ਜਗਤੁ ਦਿਖਾਇਆ ॥ ਗੁਰ ਪਰਸਾਦੀ ਬੁਝਿਆ ਤਾ ਚਲਤੁ ਹੋਆ ਚਲਤੁ ਨਦਰੀ ਆਇਆ ॥ ਕਹੈ ਨਾਨਕੁ ਸ੍ਰਿਸਟਿ ਕਾ ਮੂਲੁ ਰਚਿਆ ਜੋਤਿ ਰਾਖੀ ਤਾ ਤੂ ਜਗ ਮਹਿ ਆਇਆ ॥੩੩॥

ਮਨਿ ਚਾਉ ਭਇਆ ਪ੍ਰਭ ਆਗਮੁ ਸੁਣਿਆ॥ ਹਰਿ ਮੰਗਲੁ ਗਾਉ ਸਖੀ ਗ੍ਰਿਹੁ ਮੰਦਰੁ ਬਣਿਆ ॥ ਹਰਿ ਗਾਉ ਮੰਗਲੁ ਨਿਤ ਸਖੀਏ ਸੋਗੁ ਦੂਖੁ ਨ ਵਿਆਪਏ ॥ ਗੁਰ ਚਰਨ ਲਾਗੇ ਦਿਨ ਸਭਾਗੇ ਆਪਣਾ ਪਿਰੁ ਜਾਪਏ॥ ਅਨਹਤ ਬਾਣੀ ਗੁਰ ਸਬਦਿ ਜਾਣੀ ਹਰਿ ਨਾਮੁ ਹਰਿ ਰਸੁ ਭੋਗੋ ॥

ਕਹੈ ਨਾਨਕੁ ਪ੍ਰਭੁ ਆਪਿ ਮਿਲਿਆ ਕਰਣ
ਕਾਰਣ ਜੋਗੋ ॥੩੪॥

ਏ ਸਰੀਰਾ ਮੇਰਿਆ ਇਸੁ ਜਗ ਮਹਿ ਆਇ
ਕੈ ਕਿਆ ਤੁਧੁ ਕਰਮ ਕਮਾਇਆ ॥ ਕਿ
ਕਰਮ ਕਮਾਇਆ ਤੁਧੁ ਸਰੀਰਾ ਜਾ ਤੂ ਜਗ
ਮਹਿ ਆਇਆ ॥ ਜਿਨਿ ਹਰਿ ਤੇਰਾ ਰਚਨੁ
ਰਚਿਆ ਸੋ ਹਰਿ ਮਨਿ ਨ ਵਸਾਇਆ ॥
ਗੁਰ ਪਰਸਾਦੀ ਹਰਿ ਮੰਨਿ ਵਸਿਆ ਪੂਰਬਿ
ਲਿਖਿਆ ਪਾਇਆ ॥ ਕਹੈ ਨਾਨਕੁ ਏਹੁ
ਸਰੀਰੁ ਪਰਵਾਣੁ ਹੋਆ ਜਿਨਿ ਸਤਿਗੁਰ
ਸਿਉ ਚਿਤੁ ਲਾਇਆ ॥੩੫॥

ਏ ਨੇਤ੍ਰਹੁ ਮੇਰਿਹੋ ਹਰਿ ਤੁਮ ਮਹਿ ਜੋਤਿ ਧਰੀ
ਹਰਿ ਬਿਨੁ ਅਵਰੁ ਨ ਦੇਖਹੁ ਕੋਈ ॥

ਹਰਿ ਬਿਨੁ ਅਵਰੁ ਨ ਦੇਖਹੁ ਕੋਈ ਨਦਰੀ ਹਰਿ ਨਿਹਾਲਿਆ ॥ ਏਹੁ ਵਿਸੁ ਸੰਸਾਰੁ ਤੁਮ ਦੇਖਦੇ ਏਹੁ ਹਰਿ ਕਾ ਰੂਪੁ ਹੈ ਹਰਿ ਰੂਪੁ ਨਦਰੀ ਆਇਆ ॥ ਗੁਰ ਪਰਸਾਦੀ ਬੁਝਿਆ ਜਾ ਵੇਖਾ ਹਰਿ ਇਕੁ ਹੈ ਹਰਿ ਬਿਨੁ ਅਵਰੁ ਨ ਕੋਈ ॥ ਕਹੈ ਨਾਨਕੁ ਏਹਿ ਨੇਤ੍ਰ ਅੰਧ ਸੇ ਸਤਿਗੁਰਿ ਮਿਲਿਐ ਦਿਬ ਦ੍ਰਿਸਟਿ ਹੋਈ ॥੩੬॥

ਏ ਸ੍ਰਵਣਹੁ ਮੇਰਿਹੋ ਸਾਚੈ ਸੁਨਣੈ ਨੋ ਪਠਾਏ॥ ਸਾਚੈ ਸੁਨਣੈ ਨੋ ਪਠਾਏ ਸਰੀਰਿ ਲਾਏ ਸੁਣਹੁ ਸਤਿ ਬਾਣੀ ॥ ਜਿਤੁ ਸੁਣੀ ਮਨੁ ਤਨੁ ਹਰਿਆ ਹੋਆ ਰਸਨਾ ਰਸਿ ਸਮਾਣੀ ॥ ਸਚੁ ਅਲਖ ਵਿਡਾਣੀ ਤਾ ਕੀ ਗਤਿ ਕਹੀ ਨ ਜਾਏ ॥

ਕਹੈ ਨਾਨਕੁ ਅੰਮ੍ਰਿਤ ਨਾਮੁ ਸੁਣਹੁ ਪਵਿਤ੍ਰ
ਹੋਵਹੁ ਸਾਚੈ ਸੁਨਣੈ ਨੋ ਪਠਾਏ ॥੩੭॥

ਹਰਿ ਜੀਉ ਗੁਫਾ ਅੰਦਰਿ ਰਖਿ ਕੈ ਵਾਜਾ
ਪਵਣੁ ਵਜਾਇਆ ॥ ਵਜਾਇਆ ਵਾਜਾ
ਪਉਣ ਨਉ ਦੁਆਰੇ ਪਰਗਟੁ ਕੀਏ ਦਸਵਾ
ਗੁਪਤੁ ਰਖਾਇਆ ॥ ਗੁਰਦੁਆਰੈ ਲਾਇ
ਭਾਵਨੀ ਇਕਨਾ ਦਸਵਾ ਦੁਆਰੁ ਦਿਖਾਇਆ
॥ ਤਹ ਅਨੇਕ ਰੂਪ ਨਾਉ ਨਵ ਨਿਧਿ ਤਿਸ
ਦਾ ਅੰਤੁ ਨ ਜਾਈ ਪਾਇਆ ॥ ਕਹੈ ਨਾਨਕੁ
ਹਰਿ ਪਿਆਰੈ ਜੀਉ ਗੁਫਾ ਅੰਦਰਿ ਰਖਿ ਕੈ
ਵਾਜਾ ਪਵਣੁ ਵਜਾਇਆ ॥੩੮॥

ਏਹੁ ਸਾਚਾ ਸੋਹਿਲਾ ਸਾਚੈ ਘਰਿ ਗਾਵਹੁ ॥
ਗਾਵਹੁ ਤ ਸੋਹਿਲਾ ਘਰਿ ਸਾਚੈ ਜਿਥੈ ਸਦਾ

ਸਚੁ ਧਿਆਵਹੇ ॥ ਸਚੋ ਧਿਆਵਹਿ ਜਾ ਤੁਧੁ ਭਾਵਹਿ ਗੁਰਮੁਖਿ ਜਿਨਾ ਬੁਝਾਵਹੇ ॥ ਇਹੁ ਸਚੁ ਸਭਨਾ ਕਾ ਖਸਮੁ ਹੈ ਜਿਸੁ ਬਖਸੇ ਸੋ ਜਨੁ ਪਾਵਹੇ ॥ ਕਹੈ ਨਾਨਕੁ ਸਚੁ ਸੋਹਿਲਾ ਸਚੈ ਘਰਿ ਗਾਵਹੇ ॥੩੯॥

ਅਨਦੁ ਸੁਣਹੁ ਵਡਭਾਗੀਹੋ ਸਗਲ ਮਨੋਰਥ ਪੂਰੇ ॥ ਪਾਰਬ੍ਰਹਮੁ ਪ੍ਰਭੁ ਪਾਇਆ ਉਤਰੇ ਸਗਲ ਵਿਸੂਰੇ ॥ ਦੂਖ ਰੋਗ ਸੰਤਾਪ ਉਤਰੇ ਸੁਣੀ ਸਚੀ ਬਾਣੀ ॥ ਸੰਤ ਸਾਜਨ ਭਏ ਸਰਸੇ ਪੂਰੇ ਗੁਰ ਤੇ ਜਾਣੀ ॥ ਸੁਣਤੇ ਪੁਨੀਤ ਕਹਤੇ ਪਵਿਤੁ ਸਤਿਗੁਰੁ ਰਹਿਆ ਭਰਪੂਰੇ ॥ ਬਿਨਵੰਤਿ ਨਾਨਕੁ ਗੁਰ ਚਰਣ ਲਾਗੇ ਵਾਜੇ ਅਨਹਦ ਤੂਰੇ ॥੪੦॥੧॥